**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 09-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਉੜੀਸਾ ਦੇ ਭੁਵਨੇਸ਼ਵਰ ਵਿੱਚ 18ਵੇਂ ਪ੍ਰਵਾਸੀ ਭਾਰਤੀ ਦਿਵਸ ਦਾ ਰਸਮੀ ਉਦਘਾਟਨ ਕੀਤਾ-ਕਿਹਾ ਕਿ ਭਾਰਤ ਨੂੰ ਸਾਲ 2047 ਤੱਕ ਵਿਕਸਤ ਰਾਸ਼ਟਰ ਬਣਾਉਣ ਵਿੱਚ, ਪ੍ਰਵਾਸੀ ਭਾਰਤੀਆਂ ਦੀ ਮਹੱਤਵਪੂਰਨ ਭੂਮਿਕਾ ਏ।
- ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਜੇਲ੍ਹਾਂ ਅਤੇ ਸੁਧਾਰ ਸੰਸਥਾਵਾਂ ਵਿੱਚ ਟੀ.ਬੀ ਦੇ ਖਾਤਮੇ ਬਾਰੇ 100 ਦਿਨਾਂ ਦੀ ਮੁਹਿੰਮ ਚਲਾਉਣ ਦੀ ਕੀਤੀ ਅਪੀਲ ।
- ਪੰਜਾਬ ਸਰਕਾਰ ਵੱਲੋਂ ਬੱਚਿਆਂ ਅਤੇ ਔਰਤਾਂ ਦੇ ਸਰਵ-ਪੱਖੀ ਵਿਕਾਸ ਲਈ, ਇਕ ਹਜ਼ਾਰ 419 ਆਂਗਣਵਾੜੀ ਕੇਂਦਰ ਉਸਾਰੇ ਜਾਣਗੇ।

- ਮੌਸਮ ਵਿਭਾਗ ਨੇ ਕੱਲ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਭਵਿੱਖਬਾਣੀ ਕੀਤੀ - ਫ਼ਤਹਿਗੜ੍ਹ ਸਾਹਿਬ ਜ਼ਿਲੇ ਵਿੱਚ ਸੰਘਣੀ ਧੁੰਦ ਕਾਰਨ ਵਾਪਰੇ ਸੜਕ ਹਾਦਸੇ ਵਿੱਚ 2 ਵਿਅਕਤੀਆਂ ਦੀ ਮੌਤ ਤੇ 5 ਲੋਕ ਜ਼ਖ਼ਮੀ ਹੋਏ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਨੂੰ ਸਾਲ 2047 ਤੱਕ ਵਿਕਸਤ ਰਾਸ਼ਟਰ ਬਣਾਉਣ ਵਿੱਚ, ਪ੍ਰਵਾਸੀ ਭਾਰਤੀਆਂ ਦੀ ਮਹੱਤਵਪੂਰਨ ਭੂਮਿਕਾ ਏ । ਸ੍ਰੀ ਮੋਦੀ ਉੜੀਸਾ ਦੇ ਭੁਵਨੇਸ਼ਵਰ ਵਿੱਚ 18ਵੇਂ ਪ੍ਰਵਾਸੀ ਭਾਰਤੀ ਦਿਵਸ ਦਾ ਰਸਮੀ ਉਦਘਾਟਨ ਕਰਨ ਮਗਰੋਂ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਪ੍ਰਧਾਨ ਮੰਤਰੀ ਨੇ ਅਪਮੀ ਵਿਕਾਸ ਅਤੇ ਭਾਰਤ ਦੀ ਵਿਕਾਸ ਯਾਤਰਾ ਵਿੱਚ, ਭਾਰਤੀ ਪ੍ਰਵਾਸੀਆਂ ਦੀ ਮਹੱਤਵਪੂਰਨ ਭੂਮਿਕਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਦੁਨੀਆ ਭਰ ਵਿੱਚ ਦੇਸ਼ ਦੇ ਰਾਜਦੂਤਾਂ ਵਜੋਂ ਭਾਰਤੀ ਪ੍ਰਵਾਸੀਆਂ ਦੀਆਂ ਸੇਵਾਵਾਂ ਨੂੰ ਉਜਾਗਰ ਕੀਤਾ। ਸ੍ਰੀ ਮੋਦੀ ਨੇ ਕਿਹਾ ਕਿ ਪਰਵਾਸੀ ਭਾਰਤੀਆਂ ਨੇ, ਵਿਸ਼ਵ ਭਰ

ਵਿੱਚ ਸ਼ਾਨਦਾਰ ਕੰਮ ਕੀਤਾ ਏ  ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੇਸ਼ ਦਾ ਮਾਣ ਵਧਾਉਂਦੀਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ ਪ੍ਰਵਾਸੀ ਭਾਰਤੀਆਂ ਨੂੰ ਵਿਸ਼ਵ-ਵਿਆਪੀ ਸਨਮਾਨ ਦਿਵਾਉਣ ਵਿੱਚ ਭਾਰਤੀ ਕਦਰਾਂ-ਕੀਮਤਾਂ ਦੀ ਭੂਮਿਕਾ ਨੂੰ ਉਜਾਗਰ  ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਉਹ ਕਈ ਵਿਸ਼ਵ ਨੇਤਾਵਾਂ ਨੂੰ ਮਿਲੇ ਨੇ। ਦੁਨੀਆਂ ਦਾ ਹਰ ਆਗੂ ਪ੍ਰਵਾਸੀ ਭਾਰਤੀਆਂ ਦੀ ਕਦਰ ਕਰਦਾ ਏ। ਭਾਰਤ ਦੀਆਂ ਲੋਕਤੰਤਰੀ ਕਦਰਾਂ-ਕੀਮਤਾਂ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਲੋਕਤੰਤਰ ਸਾਡੇ ਜੀਵਨ ਢੰਗ ਨਾਲ ਜੁੜਿਆ ਹੋਇਆ ਏ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਦਹਾਕੇ ਵਿੱਚ ਭਾਰਤ ਵਿੱਚ, 25 ਕਰੋੜ ਤੋਂ ਵੱਧ ਲੋਕ ਗਰੀਬੀ ਤੋਂ ਬਾਹਰ ਆਏ ਨੇ ਅਤੇ ਦੇਸ਼ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਨ ਵੱਲ ਵਧ ਰਿਹਾ ਏ।

**BYTE:**

ਸ਼੍ਰੀ ਮੋਦੀ ਨੇ ਭਾਰਤ ਦੀ ਨੌਜਵਾਨ ਆਬਾਦੀ ਦੇ ਮਹੱਤਵ ਨੂੰ ਵੀ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਜ਼ੋਰ ਦੇਸ਼ ਦੇ ਨੌਜਵਾਨਾਂ ਦੇ

ਹੁਨਰ ਨੂੰ ਵਧਾਉਣਾ ਅਤੇ ਉਨ੍ਹਾਂ ਦੀ ਸਮਰੱਥਾ ਦੀ ਬਿਹਤਰ ਵਰਤੋਂ ਕਰਨਾ ਏ । ਇਸ ਮੌਕੇ 'ਤੇ ਪ੍ਰਧਾਨ ਮੰਤਰੀ ਮੋਦੀ ਨੇ ਪ੍ਰਵਾਸੀ ਤੀਰਥ ਦਰਸ਼ਨ ਯੋਜਨਾ ਦੇ ਤਹਿਤ, ਵਿਦੇਸ਼ੀ ਭਾਰਤੀਆਂ ਲਈ ਵਿਸ਼ੇਸ਼ ਸੈਲਾਨੀ ਰੇਲਗੱਡੀ ਪ੍ਰਵਾਸੀ ਭਾਰਤੀ ਐਕਸਪ੍ਰੈਸ ਦੀ ਸ਼ੁਰੂਆਤੀ ਯਾਤਰਾ ਨੂੰ ਵੀ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਮੁੱਖ ਮਹਿਮਾਨ, ਤ੍ਰਿਨੀਦਾਦ ਅਤੇ ਟੋਬੈਗੋ ਗਣਰਾਜ ਦੇ ਰਾਸ਼ਟਰਪਤੀ ਕ੍ਰਿਸਟੀਨ ਕਾਰਲਾ ਕੰਗਾਲੂ ਨੇ ਵੀ ਆਪਣੇ ਵੀਡੀਓ ਸੰਦੇਸ਼ ਵਿੱਚ ਸਮਾਗਮ ਨੂੰ ਸੰਬੋਧਨ ਕੀਤਾ। ਜ਼ਿਕਰਯੋਗ ਏ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਭਲਕੇ ਭੁਵਨੇਸ਼ਵਰ ਵਿੱਚ ਸੰਮੇਲਨ ਦੇ ਸਮਾਪਤੀ ਸਮਾਗਮ ਵਿੱਚ ਸ਼ਾਮਲ ਹੋਣਗੇ। ਰਾਸ਼ਟਰਪਤੀ, ਵੱਖ-ਵੱਖ ਖੇਤਰਾਂ ਵਿੱਚ ਭਾਰਤੀ ਪ੍ਰਵਾਸੀਆਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ, ਪ੍ਰਵਾਸੀ ਭਾਰਤੀ ਸਨਮਾਨ ਪ੍ਰਦਾਨ ਕਰਨਗੇ।

---------------------------------------------------------

ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਦੇਸ਼ ਵਿੱਚੋਂ ਟੀਬੀ ਦੀ ਬਿਮਾਰੀ ਨੂੰ ਖ਼ਤਮ ਕਰਨ ਦੀ ਕੇਂਦਰ ਸਰਕਾਰ ਦੀ

ਵਚਨਬੱਧਤਾ ਦੇ ਹਿੱਸੇ ਵਜੋਂ, ਜੇਲ੍ਹਾਂ ਅਤੇ ਸੁਧਾਰਾਤਮਕ ਸੰਸਥਾਵਾਂ ਵਿੱਚ ਟੀਬੀ ਦੇ ਖਾਤਮੇ ਬਾਰੇ 100 ਦਿਨਾਂ ਦੀ ਤੀਬਰ ਮੁਹਿੰਮ ਚਲਾਉਣ ਦੀ ਅਪੀਲ ਕੀਤੀ ਏ। ਇੱਕ ਪੱਤਰ ਵਿੱਚ, ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਾਰੀਆਂ ਜੇਲ੍ਹਾਂ ਵਿੱਚ ਸਕ੍ਰੀਨਿੰਗ ਕੈਂਪ ਲਗਾਉਣ ਅਤੇ ਸੂਚਨਾ, ਸਿੱਖਿਆ ਅਤੇ ਸੰਚਾਰ ਸਮੱਗਰੀ ਪ੍ਰਦਰਸ਼ਿਤ ਕਰਨ ਲਈ ਕਿਹਾ ਏ। ਗ੍ਰਹਿ ਮੰਤਰਾਲੇ ਨੇ ਉਨ੍ਹਾਂ ਨੂੰ 27 ਜਨਵਰੀ ਤੋਂ 2 ਫਰਵਰੀ ਤੱਕ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਵਲੋਂ ਸਾਂਝੇ ਕੀਤੇ ਗਏ ਵਚਨ (ਨੀ-ਕਸ਼ਯ ਸ਼ਪਥ) ਦੀ ਸ਼ੁਰੂਆਤ ਕਰਨ ਦੀ ਵੀ ਬੇਨਤੀ ਕੀਤੀ।

***ਹੋਰ ਵੇਰਵੇ ਨਾਲ ਇਕ ਰਿਪੋਰਟ***

***ਗ੍ਰਹਿ ਮੰਤਰਾਲੇ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜੇਲ੍ਹਾਂ ਅਤੇ ਸੁਧਾਰਾ ਸੰਸਥਾਵਾਂ ਦੇ ਕਰਮਚਾਰੀਆਂ ਲਈ ਵੀ ਤਪਦਿਕ ਦੀ ਜਾਗਰੂਕਤਾ ਬਾਰੇ ਗਤੀਵਿਧੀਆਂ ਕਰਨ ਦੀ ਅਪੀਲ ਕੀਤੀ ਏ। ਪੰਜਾਬ ਸਿਹਤ ਵਿਭਾਗ ਦੇ ਸੂਤਰਾਂ ਅਨੁਸਾਰ ਵਿਭਾਗ ਨੇ ਰਾਜ ਦੀਆਂ ਜੇਲ੍ਹਾਂ ਵਿੱਚ ਕੈਦੀਆਂ ਦੀ ਜਾਗਰੂਕਤਾ ਅਤੇ ਜਾਂਚ ਦੀ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਹੋਈ ਏ। ਜੇਲ੍ਹਾਂ ਤੋਂ ਇਲਾਵਾ, ਰਾਜ ਦੇ***

***18 ਅਜਿਹੇ ਜ਼ਿਲ੍ਹਿਆਂ ਵਿੱਚ ਵੀ ਜਾਗਰੂਕਤਾ ਤੇਜ਼ ਕਰ ਦਿਤੀ ਗਯੀ ਏ ਜਿਥੇ ਤਪਦਿਕ ਤੋਂ ਪ੍ਰਭਾਵਿਤ ਵਿਅਕਤੀਆਂ ਦੀ ਗਿਣਤੀ ਜ਼ਯਾਦਾ ਹੋਣ ਦਾ ਖ਼ਦਸ਼ਾ ਏ। ਸੂਬੇ ਭਰ ਵਿਚ ਇੱਕ ਲੱਖ ਛੇ ਹਜ਼ਾਰ ਤੋਂ ਵੱਧ ਅਜਿਹੇ ਕਮਜ਼ੋਰ ਵਿਅਕਤੀਆਂ ਦੀ ਜਾਂਚ ਕੀਤੀ ਜਾ ਚੁਕੀ ਏ ਜੋ ਸਿਗਰਟ, ਸ਼ਰਾਬ ਪੀਣ ਵਾਲੇ ਅਤੇ 60 ਸਾਲ ਤੋਂ ਵੱਧ ਉਮਰ ਦੇ ਨੇ ।***

***Rajesh Bali/Akashvani Khabran/Jalandhar***

------------------------------------------------------------

ਇਸ ਸਾਲ ਗਣਤੰਤਰ ਦਿਵਸ ਪਰੇਡ ਦੇਖਣ ਲਈ, ਕਰੀਬ 10 ਹਜ਼ਾਰ ਵਿਸ਼ੇਸ਼ ਮਹਿਮਾਨਾਂ ਨੂੰ ਸੱਦਾ ਦਿੱਤਾ ਗਿਆ ਏ । ਇਨ੍ਹਾਂ ਵਿਸ਼ੇਸ਼ ਮਹਿਮਾਨਾਂ ਵਿੱਚ ਸਰਪੰਚ, ਆਫ਼ਤ ਰਾਹਤ ਵਰਕਰ, ਸਰਵੋਤਮ ਪ੍ਰਦਰਸ਼ਨ ਕਰਨ ਵਾਲੇ ਜਲ ਯੋਧੇ, ਹੱਥਖੱਡੀ ਅਤੇ ਦਸਤਕਾਰੀ ਕਾਰੀਗਰ, ਮਨ ਕੀ ਬਾਤ ਪ੍ਰੋਗਰਾਮ ਦੇ ਭਾਗੀਦਾਰ, ਮੇਰਾ ਭਾਰਤ ਵਾਲੰਟੀਅਰ, ਉੱਤਰ ਪੂਰਬੀ ਸੂਬਿਆਂ ਤੋਂ ਆਏ ਮਹਿਮਾਨ ਅਤੇ ਬੇਹਤਰੀਨ ਸਟਾਰਟ-ਅੱਪ ਸ਼ਾਮਲ ਨੇ । ਰੱਖਿਆ ਮੰਤਰਾਲੇ ਨੇ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਰਾਹੀਂ

ਆਮਦਨ ਅਤੇ ਰੁਜ਼ਗਾਰ ਪੈਦਾ ਕਰਨ ਨੂੰ ਯਕੀਨੀ ਬਣਾਉਣ ਲਈ ਮਿਸਾਲੀ ਕੰਮ ਕਰਨ ਵਾਲੇ ਵੀ ਇਨਾ ਮਹਿਮਾਨਾਂ ਵਿਚ ਸ਼ਾਮਿਲ ਨੇ। ਪੈਰਾ-ਓਲੰਪਿਕ ਦਲ ਦੇ ਮੈਂਬਰ, ਸ਼ਤਰੰਜ ਓਲੰਪੀਆਡ ਤਮਗਾ ਜੇਤੂ, ਬ੍ਰਿਜ ਵਿਸ਼ਵ ਖੇਡਾਂ ਦੇ ਚਾਂਦੀ ਤਮਗਾ ਜੇਤੂ ਅਤੇ ਸਨੂਕਰ ਵਿਸ਼ਵ ਚੈਂਪੀਅਨਸ਼ਿਪ ਦੇ ਸੋਨ ਤਮਗਾ ਜੇਤੂਆਂ ਨੂੰ ਵੀ ਵਿਸ਼ੇਸ਼ ਮਹਿਮਾਨਾਂ ਵਜੋਂ ਬੁਲਾਇਆ ਗਿਆ ਏ। ਮੰਤਰਾਲੇ ਨੇ ਕਿਹਾ ਕਿ ਇਹ ਮਹਿਮਾਨ ਰਾਸ਼ਟਰੀ ਜੰਗੀ ਯਾਦਗਾਰ, ਪੀ.ਐੱਮ ਸੰਘਰਹਾਲੇ ਅਤੇ ਦਿੱਲੀ ਦੇ ਹੋਰ ਪ੍ਰਮੁੱਖ ਸਥਾਨਾਂ ਦਾ ਦੌਰਾ ਵੀ ਕਰਨਗੇ।

-----------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਬੱਚਿਆਂ ਅਤੇ ਔਰਤਾਂ ਦੇ ਸਰਵ-ਪੱਖੀ ਵਿਕਾਸ ਲਈ, ਇਕ ਹਜ਼ਾਰ 419 ਆਂਗਣਵਾੜੀ ਕੇਂਦਰ ਉਸਾਰੇ ਜਾਣਗੇ। 200 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਆਂਗਣਵਾੜੀ ਕੇਂਦਰ ਬਣਾਏ ਜਾਣਗੇ ਅਤੇ ਪੁਰਾਣੇ ਆਂਗਣਵਾੜੀ ਕੇਂਦਰਾਂ ਦੇ ਢਾਂਚੇ ਨੂੰ ਬਿਹਤਰ ਬਣਾਇਆ ਜਾ ਰਿਹਾ ਏ। ਚੰਡੀਗੜ੍ਹ ਇੱਕ ਪ੍ਰੈਸ

ਕਾਨਫਰੰਸ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਦੀਆਂ ਔਰਤਾਂ ਅਤੇ ਬੱਚਿਆਂ ਦੇ ਸੰਪੂਰਨ ਵਿਕਾਸ ਲਈ, ਨਵੇਂ ਆਂਗਣਵਾੜੀ ਕੇਂਦਰਾਂ ਦਾ ਨਿਰਮਾਣ, ਮੌਜੂਦਾ ਆਂਗਣਵਾੜੀ ਕੇਂਦਰਾਂ ਨੂੰ ਅਪਗ੍ਰੇਡ ਕਰਨਾ, ਸੈਨੀਟੇਸ਼ਨ ਸੁਵਿਧਾਵਾਂ ਦੇ ਪ੍ਰਬੰਧ ਕਰਨਾ ਏ । ਉਹਨਾਂ ਕਿਹਾ ਕਿ ਪ੍ਰੋਜੈਕਟ ਬੱਚਿਆਂ ਦੇ ਸਰੀਰਕ, ਬੋਧਾਤਮਕ ਅਤੇ ਭਾਵਨਾਤਮਕ ਵਿਕਾਸ ਲਈ ਅਨੁਕੂਲ ਵਾਤਾਵਰਣ ਬਣਾਉਣ ਦੀ ਪਹਿਲਕਦਮੀ ਕਰਨਾ ਏ ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਪਹਿਲੇ ਗੇੜ ਵਿੱਚ 1000 ਕੇਂਦਰਾਂ ਦਾ ਨਿਰਮਾਣ ਕੀਤਾ ਜਾ ਰਿਹਾ ਏ । ਮੌਜੂਦਾ 350 ਆਂਗਣਵਾੜੀ ਕੇਂਦਰਾਂ ਨੂੰ ਅਪਗ੍ਰੇਡ ਕਰਨ ਲਈਂ 7 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ । ਅੱਪਗਰੇਡ ਕੀਤੇ ਗਏ ਕੇਂਦਰਾਂ ਵਿੱਚ ਲਾਭਪਾਤਰੀਆਂ ਲਈ ਬਿਹਤਰ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਬਿਹਤਰ ਸੁਵਿਧਾਵਾਂ ਸ਼ਾਮਲ ਕੀਤੀਆਂ ਜਾਣਗੀਆਂ।

ਡਾ. ਬਲਜੀਤ ਕੌਰ ਨੇ ਕਿਹਾ ਕਿ 2162 ਨਵੇਂ ਪਖਾਨਿਆਂ ਦੇ ਨਿਰਮਾਣ ਲਈ ਸਰਕਾਰ ਵੱਲੋ 7 ਕਰੋੜ 78 ਲਖ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਏ । ਮੰਤਰੀ ਨੇ ਕਿਹਾ ਕਿ ਮੋਗਾ ਅਤੇ ਫਿਰੋਜ਼ਪੁਰ ਵਿੱਚ 100

ਆਂਗਣਵਾੜੀ ਸੈਂਟਰਾਂ ਨੂੰ "ਸਕਸ਼ਮ ਆਂਗਨਵਾੜੀ ਸੈਂਟਰਾਂ" ਵਿੱਚ ਤਬਦੀਲ ਕੀਤਾ ਜਾਵੇਗਾ। ਇਸ ਲਈ ਕੁੱਲ 94 ਲੱਖ 80 ਹਜ਼ਾਰ ਰੁਪਏ ਦਾ ਬਜਟ ਜਾਰੀ ਕੀਤਾ ਗਿਆ ਏ। ਉਹਨਾਂ ਦੱਸਿਆ ਕਿ ਸੂਬੇ ਦੇ 21 ਹਜ਼ਾਰ 851 ਆਂਗਣਵਾੜੀ ਸੈਂਟਰਾਂ ਲਈ 21.85 ਕਰੋੜ ਰੁਪਏ ਫਰਨੀਚਰ ਲਈ ਜਾਰੀ ਕੀਤੇ ਗਏ ਨੇ। ਇਕ ਸਵਾਲ ਦਾ ਜਵਾਬ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਜਲਦ ਹੀ 3000 ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਭਰਤੀ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਪਿਛਲੇ ਸਾਲ ਵੀ ਨਿਰੋਲ ਮੈਰਿਟ ਤੇ 5000 ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਰਤੀ ਕੀਤੀ ਗਈ ਸੀ।

----------------------------------------------------

ਪੰਜਾਬ ਸਰਕਾਰ ਖੇਤੀਬਾੜੀ ਦੇ ਬੁਨਿਆਦੀ ਢਾਂਚੇ ਦਾ ਵਿਕਾਸ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਏ। ਇਸੇ ਮੰਤਵ ਦੀ ਪੂਰਤੀ ਲਈ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਦੇ ਦਿਸ਼ਾ ਨਿਰਦੇਸ਼ਾ ਹੇਠ ਖੇਤੀਬਾੜੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ, ਕੇਂਦਰੀ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਅਧੀਨ 20 ਹਜ਼ਾਰ ਤੋਂ ਵੱਧ

ਖ਼ੇਤੀਬਾੜੀ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇਣ ਵਾਲਾ ਪੰਜਾਬ ਪੂਰੇ ਭਾਰਤ ਵਿੱਚ ਲਗਾਤਰ ਅੱਗੇ ਚੱਲ ਰਿਹਾ ਏ। ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਭਾਰਤ ਵਿੱਚ ਖੇਤੀਬਾੜੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਮਨਜ਼ੂਰ ਹੋਏ ਪ੍ਰੋਜੈਕਟਾਂ ਦੀ ਗਿਣਤੀ ਵਿੱਚ ਪੰਜਾਬ ਲਗਾਤਰ ਸਭ ਤੋਂ ਅੱਗੇ ਚੱਲ ਰਿਹਾ ਏ। ਸ੍ਰੀ ਭਗਤ ਨੇ ਸਿਖ਼ਰ ਦੇ 5 ਸੂਬਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਹੁਣ ਤੱਕ ਪੰਜਾਬ ਦੇ ਬੈਂਕਾਂ ਵੱਲੋਂ 7 ਹਜ਼ਾਰ 670 ਕਰੋੜ ਦੀ ਲਾਗਤ ਵਾਲੇ 20 ਹਜ਼ਾਰ 24 ਖ਼ੇਤੀਬਾੜੀ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਜਦਕਿ ਮੱਧ ਪ੍ਰਦੇਸ਼ ਨੇ 11 ਹਜ਼ਾਰ 135, ਮਹਾਰਾਸ਼ਟਰ ਨੇ 9 611, ਤਮਿਲਨਾਡੂ ਨੇ 7323 ਅਤੇ ਉੱਤਰ ਪ੍ਰਦੇਸ਼ ਨੇ 7058 ਪ੍ਰੋਜੈਕਟ ਮਨਜ਼ੂਰ ਕੀਤੇ ਨੇ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਖੇਤੀਬਾੜੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੇਂਦਰੀ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ, ਨੂੰ ਬਾਗ਼ਬਾਨੀ ਵਿਭਾਗ ਵੱਲੋਂ ਮਹੱਤਵਪੂਰਨ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਏ ਤਾਂ ਜੋ ਸੂਬੇ ਦੀ ਖੇਤੀਬੜੀ ਦਾ ਵਿਕਾਸ ਅਤੇ ਕਿਸਾਨਾਂ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾ ਕਿਹਾ ਕਿ ਇਸ ਨੂੰ ਲਾਗੂ ਕਰਨ ਲਈ ਪੰਜਾਬ ਦਾ ਬਾਗਬਾਨੀ

ਵਿਭਾਗ ਸਟੇਟ ਨੋਡਲ ਏਜੰਸੀ ਵਜੋਂ ਕੰਮ ਕਰ ਰਿਹਾ ਏ। ਉਨ੍ਹਾ ਕਿਹਾ ਕਿ ਬਾਗ਼ਬਾਨੀ ਵਿਭਾਗ ਨੇ ਇਸ ਯੋਜਨਾ ਨੂੰ ਹੋਰ ਬੇਹਤਰੀਨ ਢੰਗ ਨਾਲ ਲਾਗੂ ਕਰਨ ਲਈ ਵਟਸਐਪ ਹੈਲਪ ਲਾਈਨ ਨੰਬਰ 90560-92906 ਜਾਰੀ ਕੀਤਾ ਏ।

-----------------------------------------------------

ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਨੇ ਪੰਜਾਬ ਸਕੂਲ ਸਿੱਖਿਆ ਵਿਭਾਗ ਨੂੰ ਕੜਾਕੇ ਦੀ ਸਰਦੀ ਅਤੇ ਸੰਘਣੀ ਧੁੰਦ 'ਚ ਬੱਚਿਆਂ ਦੀ ਸਹੂਲਤ ਲਈ ਸਮਾਂ ਬਦਲਣ ਦੀ ਸ਼ਿਫਾਰਸ਼ ਕੀਤੀ ਏ। ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਦੱਸਿਆ ਕਿ ਸੂਬੇ ਵਿਚ ਮੌਜੂਦਾ ਸਮੇਂ ਵਿਚ ਕੜਾਕੇ ਦੀ ਸਰਦੀ ਅਤੇ ਸੰਘਣੀ ਧੁੰਦ ਕਾਰਨ ਸਕੂਲੀ ਬੱਚਿਆਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਏ। ਇਸ ਤੋਂ ਇਲਾਵਾ ਬਹੁਤੀ ਸਰਦੀ ਹੋਣ ਕਾਰਣ ਸਕੂਲਾਂ ਦੇ ਛੋਟੇ ਬੱਚੇ ਸਕੂਲ ਆਉਣ ਤੋਂ ਗੁਰੇਜ਼ ਕਰਦੇ ਨੇ। ਉਨ੍ਹਾਂ ਕਿਹਾ ਕਿ ਸਕੂਲੀ ਬੱਚਿਆਂ ਦੀ ਸਹੂਲਤ ਲਈ 31 ਜਨਵਰੀ ਤੱਕ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਖੁੱਲਣ ਦਾ ਸਮਾਂ

ਸਵੇਰੇ 10 ਵਜ਼ੇ ਕਰਨ ਲਈ ਪੰਜਾਬ ਸਕੂਲ ਸਿੱਖਿਆ ਵਿਭਾਗ ਨੂੰ ਸ਼ਿਫਾਰਸ਼ ਕੀਤੀ ਗਈ ਏ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ ਦੋ ਦਿਨਾਂ ਤੋਂ ਧੁੰਦ ਕਾਰਨ ਸਕੂਲੀ ਬੱਸਾਂ ਦੇ ਹਾਦਸਿਆਂ ਦੀਆਂ ਘਟਨਾਵਾਂ ਸਾਹਮਣੇ ਆਈਆਂ ਨੇ। ਇਸ ਲਈ ਕਿਸੇ ਵੀ ਅਣਸੁਖਾਵੀ ਘਟਨਾ ਤੋਂ ਬਚਣ ਲਈ ਕਮਿਸ਼ਨ ਵੱਲੋਂ ਇਹ ਫੈਸਲਾ ਲਿਆ ਗਿਆ ਏ ।

--------------------------------------------------------

ਫ਼ਤਹਿਗੜ੍ਹ ਸਾਹਿਬ ਜ਼ਿਲੇ ਦੇ ਪਿੰਡ ਜੱਲ੍ਹਾ ਨੇੜੇ ਸੰਘਣੀ ਧੁੰਦ ਕਾਰਨ ਵਾਪਰੇ ਸੜਕ ਹਾਦਸੇ ਵਿੱਚ 2 ਵਿਅਕਤੀਆਂ ਦੀ ਮੌਤ ਹੋ ਗਈ ਤੇ 5 ਹੋਰ ਜ਼ਖ਼ਮੀ ਹੋ ਗਏ। ਸਾਡੇ ਪਤਰਕਾਰ ਨੇ ਦਸਿਆ ਏ ਕਿ ਇਹ ਸਾਰੇ ਲੋਕ ਸਰਦੂਲਗੜ੍ਹ ਤੋਂ ਕੀਰਤਪੁਰ ਸਾਹਿਬ ਵਿਖੇ ਜਾ ਰਹੇ ਸਨ। ਜਦੋਂ ਇਨ੍ਹਾਂ ਦੀ ਕਾਰ ਪਿੰਡ ਸੌਂਢਾ ਕੋਲ ਪਹੁੰਚੀ ਤਾਂ ਧੁੰਦ ਕਾਰਨ ਮੋੜ ਦਿਖਾਈ ਨਾ ਦੇਣ ਕਾਰਨ ਕਾਰ ਇੱਕ ਦਰਖ਼ਤ ਨਾਲ ਟਕਰਾ ਗਈ। ਹਾਦਸੇ ਵਿੱਚ ਸਰਦੂਲਗੜ੍ਹ ਦੇ ਰਹਿਣ ਵਾਲੇ ਰਾਜਿੰਦਰ ਸਿੰਘ ਅਤੇ ਬਲਵੀਰ ਸਿੰਘ ਦੀ ਮੌਕੇ ’ਤੇ ਹੀ ਮੌਤ ਹੋ ਗਈ ਜਦ ਕਿ 5 ਹੋਰ ਜ਼ਖਮੀ ਹੋ ਗਏ। ਜ਼ਖ਼ਮੀਆਂ ਨੂੰ ਫ਼ਤਹਿਗੜ੍ਹ ਸਾਹਿਬ ਦੇ ਹਸਪਤਾਲ ਪਹੁੰਚਾਇਆ ਗਿਆ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਉੜੀਸਾ ਦੇ ਭੁਵਨੇਸ਼ਵਰ ਵਿੱਚ 18ਵੇਂ ਪ੍ਰਵਾਸੀ ਭਾਰਤੀ ਦਿਵਸ ਦਾ ਰਸਮੀ ਉਦਘਾਟਨ ਕੀਤਾ-ਕਿਹਾ ਕਿ ਭਾਰਤ ਨੂੰ ਸਾਲ 2047 ਤੱਕ ਵਿਕਸਤ ਰਾਸ਼ਟਰ ਬਣਾਉਣ ਵਿੱਚ, ਪ੍ਰਵਾਸੀ ਭਾਰਤੀਆਂ ਦੀ ਮਹੱਤਵਪੂਰਨ ਭੂਮਿਕਾ ਏ।
- ਗ੍ਰਹਿ ਮੰਤਰਾਲੇ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਜੇਲ੍ਹਾਂ ਅਤੇ ਸੁਧਾਰ ਸੰਸਥਾਵਾਂ ਵਿੱਚ ਟੀ.ਬੀ ਦੇ ਖਾਤਮੇ ਬਾਰੇ 100 ਦਿਨਾਂ ਦੀ ਮੁਹਿੰਮ ਚਲਾਉਣ ਦੀ ਕੀਤੀ ਅਪੀਲ ।
- ਪੰਜਾਬ ਸਰਕਾਰ ਵੱਲੋਂ ਬੱਚਿਆਂ ਅਤੇ ਔਰਤਾਂ ਦੇ ਸਰਵ-ਪੱਖੀ ਵਿਕਾਸ ਲਈ, ਇਕ ਹਜ਼ਾਰ 419 ਆਂਗਣਵਾੜੀ ਕੇਂਦਰ ਉਸਾਰੇ ਜਾਣਗੇ।
- ਮੌਸਮ ਵਿਭਾਗ ਨੇ ਕੱਲ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਦੀ ਭਵਿੱਖਬਾਣੀ ਕੀਤੀ - ਫ਼ਤਹਿਗੜ੍ਹ ਸਾਹਿਬ ਜ਼ਿਲੇ ਵਿੱਚ ਸੰਘਣੀ ਧੁੰਦ ਕਾਰਨ ਵਾਪਰੇ

ਸੜਕ ਹਾਦਸੇ ਵਿੱਚ  2 ਵਿਅਕਤੀਆਂ ਦੀ ਮੌਤ ਤੇ 5 ਲੋਕ ਜ਼ਖ਼ਮੀ ਹੋਏ।